I/31213/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਮਿਸ਼ਨ ਫ਼ਤਿਹ

ਸਿਹਤ ਵਿਭਾਗ ਨੇ ਦੀਨਾਨਗਰ ਸਬਜ਼ੀ ਮੰਡੀ ਵਿਚੋਂ ਕੋਵਿਡ-19 ਸਬੰਧੀ 24 ਸੈਂਪਲ ਲਏ

ਲੋਕ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਸਿਹਤ ਵਿਭਾਗ ਦੀਆਂ ਸਾਵਧਾਨੀਆਂ ਦੀ ਪਾਲਣਾ ਕਰਨ

ਗੁਰਦਾਸਪੁਰ, 4 ਜੂਨ ( ) ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ 'ਮਿਸ਼ਨ ਫ਼ਤਿਹ' ਤਹਿਤ ਸਿਹਤ ਵਿਭਾਗ ਵਲੋਂ ਜ਼ਿਲ੍ਹੇ ਭਰ ਅੰਦਰ ਕੋਰੋਨਾ ਵਾਇਰਸ ਦੀ ਜਾਂਚ ਲਈ ਆਮ ਨਾਗਰਿਕਾਂ ਦੇ ਟੈਸਟ ਕਰਨ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਡਾ. ਕਿਸ਼ਨ ਚੰਦ ਸਿਵਲ ਸਰਜਨ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵਲੋਂ ਦੀਨਾਨਗਰ ਸਬਜ਼ੀ ਮੰਡੀ ਵਿੱਚ ਪਹੁੰਚੇ ਆੜ੍ਹਤੀਆਂ, ਕਾਮਿਆਂ ਅਤੇ ਸਬਜ਼ੀ ਲੈਣ ਆਏ ਗ੍ਰਾਹਕਾਂ ਦੇ 24 ਸੈਂਪਲ ਲਏ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਕਿਸ਼ਨ ਚੰਦ ਨੇ ਦੱਸਿਆ ਕਿ ਸਬਜੀ ਮੰਡੀਆਂ ਅਤੇ ਭੀੜ ਭੜੱਕ ਬਜਾਰਾਂ ਵਿਚ ਇਹ ਸੈਂਪਲ 'ਮਿਸ਼ਨ ਫਤਿਹ' ਤਹਿਤ ਲਏ ਜਾ ਰਹੇ ਹਨ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿਤੇ ਕੋਰੋਨਾ ਵਾਇਰਸ ਦਾ ਕਮਿਊਨਿਟੀ ਸਪਰੈਡ ਤਾਂ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਭਵਿੱਖ ਵਿੱਚ ਲਗਾਤਾਰ ਸਬਜ਼ੀ ਮੰਡੀਆਂ, ਸ਼ਹਿਰ ਦੇ ਬਜ਼ਾਰਾਂ ਵਿਚੋਂ ਦੁਕਾਨਦਾਰ/ਵਰਕਰਾਂ ਤੇ ਆਮ ਲੋਕਾਂ ਦੇ ਕੋਰੋਨਾ ਟੈਸਟ ਕੀਤੇ ਜਾਣਗੇ।

ਉਨਾਂ ਅੱਗੇ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਨੇ ਜਿਥੇ ਲੋਕਾਂ ਦੇ ਸੈਂਪਲ ਲਏ ਹਨ ਉਥੇ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਣ ਦੀਆਂ ਸਾਵਧਾਨੀਆਂ ਬਾਰੇ ਵੀ ਦੱਸਿਆ ਹੈ। ਉਨ੍ਹਾਂ ਕਿਹਾ ਕਿ ਡਾਕਟਰਾਂ ਦੀ ਟੀਮ ਨੇ ਲੋਕਾਂ ਨੂੰ ਮਾਸਕ ਪਾਉਣ, ਬਾਰ-ਬਾਰ ਹੱਥ ਧੋਣ ਅਤੇ ਸਮਾਜਿਕ ਦੂਰੀ ਨੂੰ ਹਰ ਹਾਲਤ ਵਿੱਚ ਕਾਇਮ ਰੱਖਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਿਹਤ ਵਿਭਾਗ ਦੀਆਂ ਸਾਵਧਾਨੀਆਂ ਉੱਪਰ ਅਮਲ ਕਰੀਏ ਤਾਂ ਕੋਰੋਨਾ ਵਾਇਰਸ ਨੂੰ ਬੜੀ ਅਸਾਨੀ ਨਾਲ ਦੂਰ ਰੱਖਿਆ ਜਾ ਸਕਦਾ ਹੈ।

ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਕਰਨ ਅਤੇ ਮੰਡੀ, ਬਜ਼ਾਰ ਆਦਿ ਵਿੱਚ ਸੈਂਪਲ ਲੈਣ ਆਈ ਮੈਡੀਕਲ ਟੀਮ ਨੂੰ ਪੂਰਾ ਸਹਿਯੋਗ ਕਰਨ।

I/31235/20

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਕੋਵਿੰਡ-19 ਵਿਰੁੱਧ ਜੰਗ ਸੁਰੱਖਿਅਤ ਰਹੋ, ਤੰਦਰੁਸਤ ਰਹੋ-ਕੈਬਨਿਟ ਮੰਤਰੀ ਰੰਧਾਵਾ

ਕੈਬਨਿਟ ਮੰਤਰੀ ਰੰਧਾਵਾ ਨੇ ਸੂਬਾ ਵਾਸੀਆਂ ਨੂੰ ਮਾਸਕ ਪਾਉਣ, ਆਪਸੀ ਦੂਰੀ ਬਣਾ ਕੇਰੱਖਣ ਅਤੇ ਵਾਰ-ਵੱਕ ਹੱਥ ਧੋਣ ਦੀ ਕੀਤੀ ਅਪੀਲ

ਗੁਰਦਾਸਪੁਰ, 4 ਜੂਨ (       ) ਸ. ਸੁਖਜਿੰਦਰ ਸਿੰਘ ਰੰਧਾਵਾ ਸਹਿਕਾਰਤਾ ਮੰਤਰੀ ਪੰਜਾਬ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ 'ਮਿਸ਼ਨ ਫ਼ਤਿਹ' ਕਵਿੰਡ-19 ਮਹਾਂਮਾਰੀ ਦੌਰਾਨ ਉਪਜੇ ਅਣਕਿਆਸੇ ਸੰਕਟ ਨਾਲ ਨਜਿੱਠਣ ਲਈ ਪੰਜਾਬ ਦੇ ਲੋਕਾਂ ਵਲੋਂ ਵਿੱਢੀ ਗਈ ਮੁਹਿੰਮ ਹੈ। ਇਹ ਲੋਕਾਂ ਦਾ, ਵੋਕਾਂ ਵਲੋਂ ਲੋਕਾਂ ਲਈ ਮਿਸ਼ਨ ਹੈ।

ਕੈਬਨਿਟ ਮੰਤਰੀ ਸ. ਰੰਧਾਵਾ ਨੇ ਅੱਗੇ ਦੱਸਿਆ ਕਿ ਮਿਸ਼ਨ ਫਤਿਹ' ਅਨੁਸਾਸਨ, ਸਹਿਯੋਗ ਅਤੇ ਹਮਦਰਦੀ ਜ਼ਰੀਏ ਨੋਵਲ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਵਾਸੀਆਂ ਦੀ ਦ੍ਰਿੜਤਾ ਦਾ ਪ੍ਰਤੀਕ ਹੈ। ਅਨੁਸ਼ਾਸ਼ਨ ਵਿਚ ਰਹਿ ਕੇ ਸਾਰੇ ਇਹਤਿਆਹ ਵਰਤਣੇ, ਰਾਜ ਸਰਕਾਰ ਵਲੋਂ ਲਾਗੂ ਲਾਕਡਾਊਨ ਦੀਆਂ ਪਾਬੰਦੀਆਂ ਦੀ ਇੰਨਬਿੰਨ ਪਾਲਣਾ ਕਰਕੇ ਸਹਿਯੋਗ ਦੇਣਾ ਅਤੇ ਹਮਦਰਦੀ ਨਾਲ ਗਰੀਬ ਦੀ ਹਰ ਸੰਭਵ ਮਦਦ ਕਰਨਾ ਪੰਜਾਬੀਆਂ ਦਾ ਸੁਭਾਅ ਹੈ। ਇਹੀ ਅਸ਼ਲ ਮਾਅਨਿਆਂ ਵਿਚ ਪੰਜਾਬੀਆਂ ਦੀ ਚੜ੍ਹਦੀਕਲਾ ਦਾ ਪ੍ਰਤੀਕ ਹੈ ਅਤੇ ਇਹੀ ਭਾਵਨਾ ਸਾਨੂੰ ਹਰ ਮੁਸ਼ਕਿਲ ਵਿਚ ਜੇਤੂ ਵਜੋਂ ਉਭਾਰੇਗੀ।

ਸ. ਰੰਧਾਵਾ ਨੇ ਕਿਹਾ ਕਿ ਮੁਹਿੰਮ ਨੂੰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਢੰਗ ਨਾਲ ਲਾਗੂ ਕਰਨ ਲਈ ਪੰਜਾਬ ਸਰਕਾਰ ਨੇ ਮਾਸਕ ਪਾਉਣ, ਹੱਥ ਧੋਣ, ਸਮਾਜਕ ਦੂਰੀ ਬਣਾ ਕੇ ਰੱਖਣ, ਬਜ਼ੁਰਗਾਂ ਦੀ ਦੇਖਭਾਲ, ਇਲਾਕੇ ਵਿਚ ਬਾਹਰੀ ਲੋਕਾਂ ਦੇ ਦਾਖ਼ਲੇ ਪ੍ਰਤੀ ਜਾਗਰੂਕ ਰਹਿਣ, ਵਾਇਰਸ ਦੀ ਲਾਗ ਤੋਂ ਪ੍ਰਭਾਵਿਤ ਮਰੀਜ਼ਾਂ ਦਾ ਪਤਾ ਲਗਾਉਣ ਅਤੇ ਉਨਾਂ ਤੋਂ ਸੁਰੱਖਿਅਤ ਦੂਰੀ ਬਣਾ ਕੇ ਰੱਖਣ ਲਈ ਕੋਵਾ ਐਪ ਦੀ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਗਤੀਵਿਧੀਆਂ ਦਾ ਇਕ ਵਿਆਪਕ ਰੋਡ-ਮੈਪ ਤਿਆਰ ਕੀਤਾ ਹੈ। ਧਿਆਨ ਕੇਂਦਰਿਤ ਕਰਨ ਵਾਲੇ ਹੋਰ ਖੇਤਰਾਂ ਵਿੱਚ ਘਰੇਲੂ ਇਕਾਂਤਵਾਸ ਦੀ ਮਹੱਤਤਾ, ਫਲੂ ਦੇ ਲੱਛਣਾਂ ਅਤੇ ਉਸ ਤੋਂ ਬਾਅਦ ਦੀਆਂ ਕਿਰਿਆਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ, ਲੌਕਡਾਉਨ 5.0 ਦੌਰਾਨ ਪਾਬੰਦੀਆਂ ਅਤੇ ਉਲੰਘਣਾ ਦੇ ਮਾਮਲੇ ਵਿੱਚ ਜ਼ੁਰਮਾਨੇ, ਮਹਾਮਾਰੀ ਵਿਰੁੱਧ ਮਿਲ ਕੇ ਲੜਨ ਲਈ ਸਮਾਜ ਦੀ ਲਾਮਬੰਦੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸ਼ਾਮਲ ਹੈ।

I/31278/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਕੋਰੋਨਾ ਵਾਇਰਸ ਤੋਂ ਬਚਾਅ ਲਈ ਲੋਕ ਮਾਸਕ ਪਾਉਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਰੱਖਣ ਨੂੰ ਯਕੀਨੀ ਬਣਾਉਣ-ਸਿਵਲ ਸਰਜਨ

ਕਾਦਰੀ ਮੁਹੱਲਾ ਗੁਰਦਾਸਪੁਰ ਦੇ 01 ਵਿਅਕਤੀ ਦੀ ਰਿਪੋਰਟ ਆਈ ਪੋਜ਼ਟਿਵ

ਗੁਰਦਾਸਪੁਰ, 4 ਜੂਨ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮਾਸਕ ਲਾਜ਼ਮੀ ਤੋਰ ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਣ।

ਉਨਾਂ ਅੱਗੇ ਦੱਸਿਆ ਕਿ ਜਿਲੇ ਵਿਚ 4391 ਸ਼ੱਕੀ ਮਰੀਜਾਂ ਦੇ ਲਏ ਗਏ ਸੈਂਪਲਾਂ ਵਿਚੋਂ 3824 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 145 ਕੋਰੋਨਾ ਪੀੜਤ ਅਤੇ 424 ਰਿਪੋਰਟਾਂ ਪੈਂਡਿੰਗ ਹਨ।

ਉਨਾਂ ਦੱਸਿਆ ਕਿ ਅੱਜ ਇਕ ਵਿਅਕਤੀ ਜੋ ਕਾਦਰੀ ਮੁਹੱਲਾ ਗੁਰਦਾਸਪੁਰ ਦਾ ਵਸਨੀਕ ਹੈ ਅਤੇ ਬੀਤੇ ਦਿਨੀਂ ਕੁਵੈਤ ਵਿਚੋਂ ਆਇਆ ਸੀ ਦੀ ਰਿਪੋਰਟ ਪੋਜ਼ਟਿਵ ਆਈ ਹੈ।

ਜ਼ਿਲੇ ਦੇ 145 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ, 132 ਮਰੀਜਾਂ ਘਰਾਂ ਨੂੰ ਭੇਜੇ ਗਏ ਹਨ, (129 ਠੀਕ ਹੋਏ ਹਨ ਅਤੇ 03 ਘਰਾਂ ਵਿਚ ਏਕਾਂਤਵਾਸ ਕੀਤੇ ਗਏ ਹਨ।

ਇਸ ਤਰਾਂ ਹੁਣ 03 ਪੀੜਤ ਬਟਾਲਾ, 06 ਪੀੜਤ ਧਾਰੀਵਾਲ ਅਤੇ 01 ਪੀੜਤ ਅੰਮ੍ਰਿਤਸਰ ਵਿਖੇ ਦਾਖਲ ਹੈ।

ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ।

--------------------------

I/31314/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਸਿਵਲ ਸਰਜਨ ਵਲੋਂ ਅਧਿਕਾਰੀਆਂ ਨਾਲ ਮੀਟਿੰਗ-ਲੋਕਾਂ ਨੂੰ ਕੋਵਿਡ-19 ਸਬੰਧੀ ਜਾਗਰੂਕ ਕਰਨ ਲਈ ਦਿੱਤੀਆਂ ਹਦਾਇਤਾਂ

ਗੁਰਦਾਸਪੁਰ, 4 ਜੂਨ (            ) ਸਿਵਲ ਸਰਜਨ ਡਾ.ਕਿਸ਼ਨ ਚੰਦ ਦੀ ਪ੍ਰਧਾਨਗੀ ਹੇਠ ਬਲਾਕ ਐਕਟੇਨਸ਼ਨ ਐਜੂਕੇਟਰ ਦੀ ਮਹੀਨਾਵਾਰ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਕੀਤੀ ਗਈ।ਸਿਵਲ ਸਰਜਨ ਗੁਰਦਾਸਪੁਰ ਨੇ ਦੱਸਿਆ ਕਿ ਬੀ.ਈ.ਈ.ਦੇ ਕੰਮਾਂ ਦੀ ਕੋਵਿਡ-19 ਲੈ ਕੇ ਸਲਾਘਾ ਕੀਤੀ।ਉਹਨਾਂ ਨੇ ਕਿਹਾ ਕਿ ਕੋਵਿਡ-19 ਅਧੀਨ ਸਿਹਤ ਸਬੰਧੀ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਹਦਾਇਤਾਂ ਅਨੁਸਾਰ ਸਮਾਜਿਕ ਦੂਰੀ ਇੱਕ ਮੀਟਰ , ਮਾਸਕ ਪਹਿਨਣਾ ਜਿਆਦਾ ਭੀੜ ਇਕੱਠੀ ਨਾ ਕਰਨਾ ,ਜਨਤਕ ਥਾਵਾਂ ਤੇ ਥੁੱਕਣ ਸਬੰਧੀ ਜਾਗਰੂੱਕ ਕੀਤਾ ਜਾਵੇ।

ਜ਼ਿਲਾ ਪਰਿਵਾਰ ਭਲਾਈ ਅਫਸਰ ਡਾ.ਵਿਜੈ ਕੁਮਾਰ ਜੀ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਜੱਚਾ ਬੱਚਾ ਸੇਵਾਵਾਂ,ਟੀਕਾਕਰਨ ਅਤੇ ਐਨ.ਸੀ.ਡੀ.ਪ੍ਰੋਗਰਾਮ ਅਧੀਨ ਲੋਕਾਂ ਨੂੰ ਕੋਵਿਡ-19 ਦੀਆਂ ਹਦਾਇਤਾਂ ਅਨੁਸਾਰ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇ।ਗਰਭਵਤੀ ਔਰਤ ਦਾ ਕੋਰੋਨਾ ਟੈਸਟ ਵੀ ਕਰਵਾਇਆ ਜਾਵੇ ਤਾਂ ਕਿ ਮਾਂ ਅਤੇ ਬੱਚਾ ਠੀਕ ਰਹਿ ਸਕਣ।ਈ-ਸੰਜੀਵਨੀ ਰਾਂਹੀ ਵੀ ਲੋਕ ਘਰ ਬੈਠ ਹਫਤੇ ਦੇ ਹਰੇਕ ਬੁੱਧਵਾਰ ਔਨਲਾਈਨ ਰਾਂਹੀ ਵੀ ਸਿਹਤ ਸਬੰਧੀ ਜਾਣਕਾਰੀ ਲੈ ਸਕਦੇ ਹਨ।

ਇਸ ਮੋਕੇ ਡਾ.ਪ੍ਰਭਜੋਤ ਕੋਰ ਕਲਸੀ ਜ਼ਿਲਾ ਐਪੀਡੀਮਾਲੋਜਿਸਟ,ਡਾ.ਭਾਵਨਾ ਸ਼ਰਮਾ ਜ਼ਿਲਾ ਸਕੂਲ ਹੈਲਥ,ਡਾ.ਅੁਕੰਰ ਕੌਸ਼ਲ,ਜ਼ਿਲ•ਾ ਮਾਸ ਮੀਡੀਆ ਅਫਸਰ ,ਸ੍ਰੀਮਤੀ ਦੀਪਕ ਡੋਗਰਾ, ਡਿਪਟੀ ਮਾਸ ਮੀਡੀਆ ਸ੍ਰੀਮਤੀ ਗੁਰਿੰਦਰ ਕੌਰ,ਸ੍ਰੀ ਅਮਰਜੀਤ ਸਿੰਘ ਦਾਲਮ ਅਤੇ ਸਮੂਹ ਬੀ.ਈ.ਈ.ਆਦਿ ਹਾਜ਼ਰ ਸਨ।

I/31318/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸਿਵਲ ਸਰਜਨ ਦੀ ਪ੍ਰਧਾਨਗੀ ਹੇਠ ਸਿਹਤ ਅਧਿਕਾਰੀਆਂ ਨਾਲ ਮੀਟਿੰਗ

ਗੁਰਦਾਸਪੁਰ, 4 ਜੂਨ (            ) ਸਿਵਲ ਸਰਜਨ-ਕਮ-ਜ਼ਿਲਾ ਐਪ੍ਰੋਪ੍ਰੀਏਟ ਅਥਾਰਟੀ ਗੁਰਦਾਸਪੁਰ ਡਾ.ਕਿਸ਼ਨ ਚੰਦ ਦੀ ਅਗਵਾਈ ਹੇਠ ਅਤੇ ਚੇਅਰਪਰਸਨ ਡਾ.ਮਨਜਿੰਦਰਜੀਤ ਕੌਰ ਗਾਇਨਾਕੋਲੋਜਿਸਟ ਸਿਵਲ ਹਸਪਤਾਲ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਜ਼ਿਲਾ ਸਲਾਹਕਾਰ ਕਮੇਟੀ ਅੰਡਰ ਪੀ.ਸੀ.ਐਂਡ ਪੀ.ਐਨ.ਡੀ.ਟੀ.ਦੀ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਕੀਤੀ ਗਈ।

ਮੀਟਿੰਗ ਦੋਰਾਨ ਡਾ.ਕਿਸ਼ਨ ਚੰਦ ਸਿਵਲ ਸਰਜਨ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਿਸ਼ਾ-ਨਿਰਦੇਸ਼ਾਂ ਤਹਿਤ ਇੱਕ ਸਾਂਝੀ ਟੀਮ ਤਿਆਰ ਕੀਤੀ ਗਈ । ਡਾ.ਰਾਕੇਸ਼ ਸ਼ਰਮਾ ਬੀ.ਏ.ਐਮ.ਐਸ.ਨੂੰ ਲਧਿਆਣਾ ਵਿਖੇ ਸਾਈ ਕਲੀਨਿਕ ਤੇ ਲਿੰਗ ਨਿਰਧਾਰਤ ਕਰਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਅਤੇ ਮੋਕੇ ਤੇ ਹੀ ਦਲਾਲ ਜਗਜੀਤ ਕੌਰ ਨੂੰ ਕਾਬੂ ਕਰਕੇ ਸਿਵਲ ਸਰਜਨ ਲੁਧਿਆਣਾ  ਦੀ ਹਾਜ਼ਰੀ ਵਿੱਚ ਪੁਲਿਸ਼ ਨੂੰ ਸੋਪ ਦਿੱਤੇ ।ਇਸ ਮੋਕੇ ਸਿਵਲ ਸਰਜਨ ਗੁਰਦਾਸਪੁਰ ਨੇ ਦੱਸਿਆ ਕਿ ਪਿਛਲੇ ਕੁਝ ਮਹੀਨਿਆਂ ਤੋਂ ਗੁਰਦਾਸਪੁਰ ਜ਼ਿਲੇ ਦੀ ਸੈਕਸ਼ ਰੇਸ਼ੋ ਵਿੱਚ ਵਾਧਾ ਹੋਇਆ ਹੈ।

ਡਾ.ਵਿਜੈ ਕਮਾਰ ,ਜ਼ਿਲ•ਾ ਪਰਿਵਾਰ ਭਲਾਈ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਤਿੰਨ ਅਲਟਰਾ ਸਾਊਂਡ ਸਕੈਨ ਸੈਂਟਰਾਂ ਦੀਆਂ ਫਾਈਲਾਂ ਰੀਨਿਊ ਕਰਵਾਉਣ ਸਬੰਧੀ ਪ੍ਰਾਪਤ ਹੋਈਆ ਹਨ।ਜ਼ਿਲ•ਾ ਪਰਿਵਾਰ ਭਲਾਈ ਅਫਸਰ ਗੁਰਦਾਸਪੁਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀ ਲੜਕੀਆਂ ਨਾਲ ਸਮਾਜ ਵਿੱਚ ਕਿਸੇ ਵੀ ਤਰ•ਾ ਦਾ ਭੇਦ -ਭਾਵ ਨਹੀ ਕਰਾਗੇ ਅਤੇ ਜਨਮ ਤੋਂ ਪਹਿਲਾਂ ਬੱਚੀਆਂ ਨੂੰ ਕੁੱਖ ਵਿੱਚ ਕਤਲ ਕਰਨ ਵਾਲਿਆਂ ਦੇ ਵਿਰੁੱਧ ਰਲ ਮਿਲ ਕੇ ਅਵਾਜ਼ ਉਠਾਵਾਗੇਂ। ਇਸ ਮੋਕੇ ਸ੍ਰੀ ਅਮਨਪ੍ਰੀਤ ਸਿੰਘ ਸੰਧੂ ਜ਼ਿਲਾ ਅਟਾਰਨੀ ਗੁਰਦਾਸਪੁਰ,ਡਾ.ਹਰਲੀਨ ਮੈਡੀਕਲ ਸਪੈਸ਼ਲਿਸਟ ਸਿਵਲ ਹਸਪਤਾਲ ਗੁਰਦਾਸਪੁਰ,ਡਾ.ਭਾਸਕਰ ਬੱਚਿਆਂ ਦੇ ਰੋਗਾਂ ਦੇ ਮਾਹਿਰ ,ਸ੍ਰੀ ਰਮੇਸ਼ ਸ਼ਰਮਾ,ਐਨ.ਜੀ.ਓ.,ਸ੍ਰੀ ਜਨਕ ਰਾਜ ਸ਼ਰਮਾ,ਐਨ.ਜੀ.ਓ.,ਸ੍ਰੀ ਅਮਰਜੀਤ ਸਿੰਘ ਦਾਲਮ ਡਿਪਟੀ ਮਾਸ ਮੀਡੀਆ ਅਫਸਰ, ਸ੍ਰੀਮਤੀ ਬਲਜੀਤ ਕੋਰ ਅੰਕੜਾ ਸਹਾਇਕ ਅਤੇ ਸ੍ਰੀ ਹਰਦੇਵ ਸਿੰਘ ਪੀ.ਐਨ.ਡੀ.ਟੀ.ਸਹਾਇਕ ਆਦਿ ਹਾਜ਼ਰ ਸਨ।